# ਪੰਜਾਬ ਐਜੂਸੈਟ ਸੁਸਾਇਟੀ

ਈ.ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172-5218801-16 ਈ-ਮੇਲ: edusatfeedabck@punjabeducation.gov.in

ਵੱਲ,

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਐਜੂਸੈਟ ਸੁਵਿਧਾ ਵਾਲੇ (ਹਾਈ ਅਤੇ ਸੀਨੀਅਰ ਸੈਕੰਡਰੀ) ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)।

ਮੀਮੋ ਨੰ.: 24/40/2017/ਪੀ.ਈ.ਐਸ/ਟਾਈਮ-ਸ਼ਡਿਊਲ/291-92
ਮਿਤੀ: 05 ਜਨਵਰੀ, 2018.

**ਵਿਸ਼ਾ: ਸਕੂਲ ਸਿੱਖਿਆ ਵਿਭਾਗ ਲਈ ਐਜੂਸੈਟ ਪ੍ਰੋਗਰਾਮਾਂ ਦੀ ਰੀਸ਼ਡਿਊਲਿੰਗ (ਮਹੀਨਾ ਜਨਵਰੀ-2018).**
ਹਵਾਲਾ: ਇਸ ਦਫਤਰ ਦੇ ਪੱਤਰ ਨੰ. 24/40/2017/ਪੀ.ਈ.ਐਸ/ਟਾਈਮ-ਸ਼ਡਿਊਲ/14662-63, ਮਿਤੀ 29.12.2017 ਦੀ ਲਗਾਤਾਰਤਾ ਵਿੱਚ।

1.0 ਹਵਾਲਾ ਅਧੀਨ ਪੱਤਰ ਰਾਹੀਂ ਆਪ ਨੂੰ ਜਨਵਰੀ 2018 ਦਾ ਮਹੀਨਾਵਾਰ ਐਜੂਸੈਟ ਸ਼ਡਿਊਲ ਭੇਜਿਆ ਗਿਆ ਸੀ, ਪ੍ਰੰਤੂ ਹੁਣ ਦਫਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ ਦੇ ਪੱਤਰ ਨੰ. 1/28-2017AD(ਕੋ)SSE, ਮਿਤੀ 04.01.2018 ਅਨੁਸਾਰ ਮਿਤੀ 15.01.2018 ਤੋਂ 25.01.2018 ਤੱਕ 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੀ-ਬੋਰਡ ਪ੍ਰੀਖਿਆਵਾਂ ਹੋਣਗੀਆਂ। ਇਸ ਲਈ 10ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ 15.01.2018 ਤੋਂ 25.01.2018 ਤੱਕ ਐਜੂਸੈਟ ਰੈਗੂਲਰ ਟੈਲੀਕਾਸਟ ਨਹੀਂ ਹੋਵੇਗਾ। ਪ੍ਰੰਤੂ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਸਬੰਧੀ ਪ੍ਰੋਗਰਾਮ ਅੱਧੀ ਛੁੱਟੀ ਤੋਂ ਬਾਅਦ ਮਿਤੀ 08.01.2018 ਤੋਂ 16.02.2018 ਤੱਕ ਦਿੱਤੇ ਸਮੇਂ ਅਤੇ ਸ਼ਡਿਊਲ ਅਨੁਸਾਰ ਪ੍ਰਸਾਰਿਤ ਕੀਤਾ ਜਾਵੇਗਾ। ਇਸ ਸਬੰਧੀ ਕੰਨਟੈਂਟ ਵੀ ਵਿਭਾਗ ਦੀ ਵੈਬਸਾਈਟ www.ssapunjab.org ਤੇ ਉਪਲੱਬਧ ਕਰਵਾਇਆ ਜਾਵੇਗਾ ਤਾਂ ਜੋ ਵਿਦਿਆਰਥੀ ਇਸਦਾ ਲਾਭ ਉਠਾ ਸਕਣ।

2.0 ਸਰਕਾਰ ਦੇ ਪੱਤਰ ਨੰ. AC/CO/SSE-2017/20141025, ਮਿਤੀ 03.01.2018 ਅਨੁਸਾਰ ਸਕੂਲਾਂ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਹੈ। ਇਸ ਕਾਰਣ ਐਜੂਸੈਟ ਦੇ ਹਵਾਲਾ ਅਧੀਨ ਪੱਤਰ ਰਾਹੀਂ ਭੇਜੇ ਗਏ ਸ਼ਡਿਊਲ ਦੇ ਸਮੇਂ ਵਿੱਚ ਮਿਤੀ 15.01.2018 ਤੱਕ ਤਬਦੀਲੀ ਕੀਤੀ ਗਈ ਹੈ। ਭੱਵਿਖ ਵਿੱਚ ਵੀ ਜੇਕਰ 15.01.2018 ਤੋਂ ਬਾਅਦ ਸਮੇਂ ਵਿੱਚ ਅਜਿਹੀ ਕੋਈ ਤਬਦੀਲੀ ਕੀਤੀ ਜਾਂਦੀ ਹੈ ਤਾਂ ਉਸ ਅਨੁਸਾਰ ਸ਼ਡਿਊਲ ਵਿੱਚ ਪੀਰੀਅਡਾਂ ਦੇ ਸਮੇਂ ਸਬੰਧੀ ਤਬਦੀਲੀ ਕਰ ਲਈ ਜਾਵੇ ਅਤੇ ਇਸ ਤਬਦੀਲੀ ਸਬੰਧੀ ਐਜੂਸੈਟ ਰਾਹੀਂ ਵੀ ਪ੍ਰਸਾਰਣ ਕੀਤਾ ਜਾਵੇਗਾ।

3.0 ਸਕੂਲ ਮੁੱਖੀ ਸੁਨਿਸ਼ਚਿਤ ਕਰਨਗੇ ਕਿ ਐਜੂਸੈਟ ਪ੍ਰੋਗਰਾਮਾਂ ਦਾ ਬਦਲਿਆ ਸ਼ਡਿਊਲ ਅਤੇ ਐਜੂਸੈਟ ਟਾਈਮ ਟੇਬਲ ਦੀ ਕਾਪੀ ਐਜੂਸੈਟ ਕਮਰੇ ਵਿੱਚ ਉਪਲੱਬਧ ਹੋਵੇ ਅਤੇ ਸ਼ਡਿਊਲ ਹਰ ਰੋਜ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਦੱਸਿਆ ਜਾਵੇ ਤਾਂ ਜੋ ਵਿਦਿਆਰਥੀ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਸਬੰਧੀ ਪ੍ਰੋਗਰਾਮ ਵੱਧ ਤੋਂ ਵੱਧ ਅਟੈਂਡ ਕਰਨ। ਸਕੂਲ ਮੁੱਖੀ ਇਹ ਵੀ ਸੁਨਿਸ਼ਚਿਤ ਕਰੇਗਾ ਕਿ ਲਾਈਵ ਲੈਕਚਰ ਵਾਲੇ ਦਿਨ ਜਿਸ ਅਧਿਆਪਕ ਦੀ ਡਿਊਟੀ ਲਾਈਵ ਲੈਕਚਰ ਲਈ ਲਗਾਈ ਗਈ ਹੈ, ਸਮੇਂ ਸਿਰ ਐਜੂਸੈਟ ਦਫਤਰ ਵਿਖੇ ਹਾਜ਼ਰ ਹੋਣ। ਇਸ ਤੋਂ ਇਲਾਵਾ ਪ੍ਰੋਗਰਾਮਾਂ ਨੂੰ ਹੋਰ ਵਧੀਆ ਬਣਾਉਣ ਲਈ ਕ੍ਰਿਪਾ ਕਰਕੇ ਆਪਣੀ ਰਾਏ ਈ-ਮੇਲ edusatfeedback@punjabeducation.gov.in ਤੇ ਭੇਜੀ ਜਾਵੇ। ਫੀਡਬੈਕ ਦੇਣ ਲਈ http://goo.gl/forms/FTN8oQjnpp ਲਿੰਕ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠਅੰਕਣ ਨੰ.: 24/40/2017/ਪੀ.ਈ.ਐਸ/ਟਾਈਮ-ਸ਼ਡਿਊਲ/293 ਮਿਤੀ: 05/01/2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡੀ.ਪੀ.ਆਈ.(ਸੈ.ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
3. ਐਮ.ਐਫ (ਏ), ਸਬੰਧਤ ਵਿਸ਼ਾ ਮਾਹਿਰ, ਸਟੂਡਿਓ ਇੰਜੀਨੀਅਰ ਅਤੇ ਤਕਨੀਕੀ ਸਟਾਫ, ਐਜੂਸੈਟ।
4. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਅਤੇ ਨੋਟਿਸ ਬੋਰਡ ਤੇ ਉਪਲਬਧ ਕਰਾਉਣ ਹਿੱਤ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ